**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਚਰਨਜੀਤ ਕੋਰ ਪਤਨੀ ਅਜਮੇਰ ਕੋਰ 8872897099
ਮਕਾਨ ਨੰ 2193 ਪਹਿਲੀ ਮੰਜਲ ਜਲ ਵਾਯੂ ਵਿਹਾਰ ,ਮੁਹਾਲੀ, -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਕਮ ਡੀਨ ਰਿਸਰਚ,
ਪੰਜਾਬੀ ਯੂਨੀਵਰਸਿਟੀ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡੀਨ ਰਿਸਰਚ ਪੰਜਾਬੀ ਯੂਨੀਵਰਸਿਟੀ ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 3483/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਅਜਮੇਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ (98141-05515 )

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-05-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬੀ ਯੂਨੀਵਰਸਿਟੀ ਤੋ 2003-2005 ਤੋਂ 2014-15 ਤੱਕ ਹੁਮੈਨਿਟੀ ਗਰੁਪ ਦੇ ਪ੍ਰਾਈਵੇਟ ਵਿਦਿਆਰਥੀਆਂ ਲਈ ਪ੍ਰੀਖਿਆ ਫਾਰਮਾਂ ਦੀ ਸਪੈਸੀਮੈਨ ਕਾਪੀਆਂ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਉਸਦਾ ਪਤੀ ਸ੍ਰੀ ਅਜਮੇਰ ਸਿੰਘ ਪੇਸ਼ ਹੋਇਆ, ਉਸ ਨੇ ਅਪੀਲਕਰਤਾ ਵਲੋਂ ਦਿੱਤਾ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵਲੋਂ ਉੱਤਰਦਾਤਾ ਦੁਆਰਾ ਦਿੱਤੀ ਗਈ ਜਾਣਕਾਰੀ ਦੇ ਸਬੰਧ ਵਿਚ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਪੱਤਰ ਮਿਤੀ 30-10-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਹਾਜ਼ਰ ਹੋਇਆ, ਉਸ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨ: 7948/ਐਸ.-7/497-19/ਆਰ.ਟੀ.ਆਈ.ਸੈਂਲ ਮਿਤੀ 22-10-2019 ਸਹਿ ਪੱਤਰਾਂ ਸਹਿਤ ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਪੱਤਰ ਮਿਤੀ 30-10-2019 ਜੋ ਕਮਿਸ਼ਨ ਨੂੰ ਸਬੋਧਤ ਹੈ, ਰਾਹੀਂ ਲੰਬਾ ਚੋੜਾ ਇਤਰਾਜ ਦਰਜ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਵਲੋਂ ਇਤਰਾਜ ਲੋਕ ਸੂਚਨਾ ਅਧਿਕਾਰੀ ਨੂੰ ਨਹੀਂ ਭੇਜਿਆ, ਲੋਕ ਸੂਚਨਾ ਅਧਿਕਾਰੀ ਵਲੋਂ ਹਾਜ਼ਰ ਵਕੀਲ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਉਸ ਵਲੋਂ ਪਹਿਲਾਂ ਦਾਇਰ ਅਪੀਲ ਕੇਸ ਨ: 10/2018 ਦੇ ਸਬੰਧ ਵਿਚ ਪਹਿਲਾਂ ਵੀ ਸਾਲ 2018 ਵਿਚ ਸੂਚਨਾ ਵਿਸਥਾਰ ਵਿਚ ਦਿੱਤੀ ਗਈ ਸੀ ਅਤੇ ਇਸ ਕੇਸ ਵਿਚ ਵੀ ਉਨ੍ਹਾਂ ਵਲੋਂ ਪੱਤਰ ਮਿਤੀ 29-07-2019 ਅਤੇ ਪੱਤਰ ਮਿਤੀ 25-09-2019 ਜੋ ਅਪੀਲਕਰਤਾ ਨੂੰ ਸੰਬੋਧਤ ਹਨ ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ । ਇਸ ਲਈ ਕਮਿਸ਼ਨ ਵਲੋਂ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 27-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ 700924820
ਮਕਾਨ ਨੰ: 292 ,ਨਗਰ ਸੁਧਾਰ ਟਰੱਸਟ ਕਲੋਨੀ,
ਸਕੀਮ ਨੰ 5 ਜੇਲ ਰੋਡ ਗੁਰਦਾਸਪੁਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮ ਸੁਪਰਡੰਟ ਸਰਕਾਰੀ ਕਾਲਿਜ ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ ਗੁਰਦਾਸਪੁਰ। -------ਉੱਤਰਦਾਤਾ

**ਅਪੀਲ ਕੇਸ ਨੰ: 3540/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਨੀਰੂ ਬਾਲਾ ਸੁਪਰਡੰਟ ਅਤੇ ਰਾਜੇਸ਼ ਕੁਮਾਰ ਜੂ: ਸਹਾਇਕ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-07-2019, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਕਮ ਸੁਪਰਡੰਟ ਸਰਕਾਰੀ ਕਾਲਿਜ ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 14-05-2019, 24-05-2019 ਅਤੇ 1-6-2019 ਨੂੰ ਦਿੱਤੀਆਂ ਅਰਜੀਆਂ ਦੇ ਡਾਇਰੀ ਨੰਬਰ , ਪਤਰਾਂ ਤੇ ਕੀਤੀ ਕਾਰਵਾਈ ਅਤੇ ਕਾਲਜ ਨਾਲ ਸਬੰਧਤ 12 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਪਰ ਉਸ ਵਲੋਂ ਈ.ਮੇਲ ਮਿਤੀ 24-10-2019 ਰਾਹੀਂ ਹਾਜ਼ਰੀ ਤੋਂ ਛੋਟ ਦੀ ਮੰਗ ਕੀਤੀ ਗਈ ਅਤੇ ਨਾਲ ਹੀ ਦਸਿਆ ਗਿਆ ਕਿ ਕੇਸ ਉਸਨੂ ਮੁਕੰਮਲ ਸੂਚਨਾ ਮਿਲਣ ਤੇ ਕੇਸ ਬੰਦ ਕੀਤਾ ਜਾਵੇ ਅਤੇ ਕਾਲਜ ਨੂੰ ਜੁਰਮਾਨਾ ਲਾਇਆ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਨੀਰੂ ਬਾਲਾ ਸੁਪਰਡੰਟ ਅਤੇ ਰਾਜੇਸ਼ ਕੁਮਾਰ ਜੂ: ਸਹਾਇਕ ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਉਨ੍ਹਾਂ ਦਾ ਮੁਲਾਜ਼ਮ ਹੈ ਅਤੇ ਬਾਰ ਬਾਰ ਆਰ.ਟੀ.ਆਈ ਪਾਉਣ ਦਾ ਆਦੀ ਹੈ । ਉਸਦੇ 6-7 ਆਰ.ਟੀ.ਆਈ ਕੇਸ ਚਲ ਰਹੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਉੱਤਰ ਭੇਜ ਦਿੱਤਾ ਜਾਵੇਗਾ।

4. ਅਪੀਲਕਰਤਾ ਹਾਜ਼ਰ ਨਹੀਂ ਹੋਇਆ ਉਸ ਵਲੋ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੋ ਵੀ ਜਾਣਕਾਰੀ ਅਪੀਲਕਰਤਾ ਨੂੰ ਦਿੱਤੀ ਜਾਣੀ ਹੈ, ਉਹ ਸਿੱਧੇ ਤੋਰ ਤੇ ਰਜਿਸਟਰਡ ਡਾਕ ਰਾਹੀਂ ਉਸਨੂੰ ਭੇਜ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੇ ਪੇਸ਼ ਕੇ ਆਪਣਾ ਪੱਖ ਪੇਸ਼ ਕਰੇ। ਇਸ ਹਦਾਇਤ ਨਾਲ ਇਹ ਕੇਸ ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 27-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹੀਰਾ ਲਾਲ ਪੁੱਤਰ ਨੀਲੂਰਾਮ 9464725664
ਵਾਸੀ ਪਿੰਡ ਫਿੱਡੇ ਖੁਰਦ ਤਹਿਸੀਲ ਕੋਟਕਪੂਰਾ ਜਿਲਾ ਫਰੀਦਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ
ਬੰਦਾ ਬਹਾਦੁਰ ਕਾਲਿਜ ਆਫ ਐਜੂਕੇਸ਼ਨ ਫਰੀਦਕੋਟ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 842 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਪੁਨੀਤ, ਸਹਾਇਕ ਪ੍ਰੋਫੈਸਰ।

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-07-2019, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਬੰਦਾ ਬਹਾਦੁਰ ਕਾਲਿਜ ਆਫ ਐਜੂਕੇਸ਼ਨ ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੂਜਾ ਦੇਵੀ ਪੁੱਤਰੀ ਸ੍ਰੀ ਛੋਟੂ ਰਾਮ ਵਾਸੀ ਪਿੰਡ ਫਿੱਡੀ ਖੁਰਦ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਹਾਜ਼ਰ ਨਹੀ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਪੁਨੀਤ, ਸਹਾਇਕ ਪ੍ਰੋਫੈਸਰ ਹਾਜ਼ਰ ਹੋਇਆ। ਉਸ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਲੋਕ ਸੂਚਨਾ ਅਧਿਕਾਰੀ ਵਲੋਂ ਦਿੱਤਾ ਗਿਆ ਉੱਤਰ ਮਿਤੀ 29-10-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪਰ ਸ਼ਿਕਾਇਤਕਰਤਾ ਨੂੰ ਨਹੀਂ ਭੇਜਿਆ ਗਿਆ। ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਹਾਜ਼ਰ ਸ੍ਰੀ ਪੁਨੀਤ ਵਲੌਂ ਜ਼ੋ ਸੂਚਨਾ ਪੇਸ਼ ਕੀਤੀ ਗਈ ਉਹ ਸ਼ਿਕਾਇਤਕਰਤਾ ਨੂੰ ਨਹੀਂ ਭੇਜੀ ਗਈ।ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ /ਜਵਾਬ ਸਿੱਧੇ ਤੌਰ ਤੇ ਰਜਿਸਟਰਡ ਪੱਤਰ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ **ਸੁਣਵਾਈ ਲਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,ਜ਼ਿਲ੍ਹਾ ਅੰਮ੍ਰਿਤਸਰ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1166/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਡਾ: ਸੁਮਿਤ ਐਸ.ਡੀ.ਐਮ.,(79862-57857) ਬਾਬਾ ਬਕਾਲਾ ਸਾਹਿਬ, ਅਤੇ ਸ਼੍ਰੀ ਜਗਰੂਪ ਸਿੰਘ ਪੀ.ਏ. (82649-31010) ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਪੁਲਿਸ ਹੈਲਪ ਨੰ:181 ਤੇ ਮਿਤੀ 26-09-2018 ਨੂੰ ਸੀ.ਆਰ.ਪੀ.ਸੀ. ਦੀ ਧਾਰਾ 39 ਤਹਿਤ ਦਰਜ ਕਰਵਾਈ ਗਈ ਸ਼ਿਕਾਇਤ ਨੰ:ਏ.ਐਮ.ਆਰ-ਆਰ.ਆਰ.2921160, ਮਿਤੀ 26-09-2018 ਨਾਲ ਸਬੰਧਤ ਭਾਗ "ਏ" ਦੇ 13 ਨੁਕਤਿਆਂ ਅਤੇ ਭਾਗ ਬੀ, ਸੀ, ਡੀ, ਈ, ਅਤੇ ਐਫ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 30-09-2019 ਨੂੰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਪੱਤਰ, ਮਿਤੀ 30-09-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਜੀਤ ਸਿੰਘ, ਸਟੈਨੋ ਨੇ ਦੱਸਿਆ ਸੀ ਕਿ ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਦੀ ਬਦਲੀ ਮੁਕੇਰੀਆਂ ਵਿਖੇ ਹੋ ਗਈ ਹੈ ਜਿਸ ਕਾਰਨ ਉਹ ਹਾਜ਼ਰ ਨਹੀਂ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

3. ਅੱਜ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ ਅਤੇ ਦਸਿਆ ਗਿਆ ਕਿ ਉਸਨੂੰ ਸਹੀ ਸੂਚਨਾ ਪ੍ਰਾਪਤ ਨਹੀ ਹੋਈ ਹੈ। ਇਸ ਤੋਂ ਇਲਾਵਾ ਪੱਤਰ ਮਿਤੀ 20-10-2019 ਜ਼ੋ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ ਅਤੇ ਕਾਪੀ ਕਮਿਸ਼ਨ ਨੂੰ ਕੀਤੀ ਗਈ ਹੈ ਜਿਸ ਰਾਹੀਂ ਦਸਿਆ ਗਿਆ ਕਿ ਉਸਨੂੰ ਸੂਚਨਾ ਭੇਜਣ ਦੀ ਬਜਾਏ ਗੁੰਮਰਾਹ ਕੀਤਾ ਜਾ ਰਿਹਾ ਹੈ। ਪੱਤਰ ਮਿਸਲ ਤੇ ਉਪਲਭਧ ਹੈ । ਉਸ ਵਲੋਂ ਇਹ ਵੀ ਦਸਿਆ ਗਿਆ ਕਿ ਲੋਕ ਸੂਚਨਾ ਅਫਸਰ ਵਲੋਂ ਕਿਹਾ ਜਾ ਰਿਹਾ ਹੈ ਕਿ ਉਸ ਵਲੋਂ ਦਿੱਤੀ ਅਰਜੀ ਮੂਲ ਰੂਪ ਵਿਚ ਡੀ.ਐਸ.ਪੀ. ਬਾਬਾਵਕਾਲਾ ਨੂੰ ਦੇਣ ਲਈ ਮਾਰਕ ਕਰਕੇ ਉਸਦੇ ਹੱਥ ਭੇਜੀ ਗਈ ਸੀ ਇਹ ਬਿਲਕੁੱਲ ਗਲੱਤ

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਡਾ: ਸੁਮਿਤ, ਐਸ.ਡੀ.ਐਮ. ਬਾਬਾ ਬਕਾਲਾ ਸਾਹਿਬ, ਹਾਜ਼ਰ ਹੋਏ

ਪਰਤੋ ਜੀ-------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1166/2019**

ਉਨ੍ਹਾਂ ਵਲੋਂ ਆਪਣਾ ਪੱਤਰ ਨੰ: 2017 ਮਿਤੀ 29-10-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਕਾਪੀ ਅਪੀਲਕਰਤਾ ਨੂੰ ਭੇਜੀ ਗਈ ਹੈ। ਇਸ ਪੱਤਰ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਲੜੀ ਨੰ: 1 ਤੋਂ 12 ਦਾ ਸਬੰਧ ਪੁਲਿਸ ਵਿਭਾਗ ਨਾਲ ਹੈ ਅਤੇ ਸਬੰਧਤ ਵਿਭਾਗ ਵਲੋਂ ਕਮਿਸ਼ਨ ਨੂੰ ਮਿਤੀ 25-02-2019 ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ। ਲੜੀ ਨੰ: 13 ਦੇ ਸਬੰਧਤ ਵਿਚ ਉੱਕਤ ਦਰਖਾਸਤ ਉਸ ਸਮੇ ਦੇ ਲੋਕ ਸੂਚਨਾ ਅਧਿਕਾਰੀ ਵਲੋਂ ਡੀ.ਐਸ.ਪੀ. ਬਾਬਾ ਬਕਾਲਾ ਸਾਹਿਬ ਨੂੰ ਮਾਰਕ ਕਰਕੇ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਸੀ ਅਤੇ ਅਪੀਲਕਰਤਾ ਦੀ ਰਸੀਵਿੰਗ ਵੀ ਵਿਖਾਈ ਗਈ।ਉਨ੍ਹਾਂ ਵਲੋਂ ਇਹ ਵੀ ਦਸਿਆ ਗਿਆ ਕਿ ਇਨ੍ਹਾਂ ਨੁਕਤਿਆਂ ਨਾਲ ਸਬੰਧਤ ਅਪੀਲ ਕੇਸ 2866 ਆਫ 2018 ਵੀ ਡਿਸਪੋਜ਼ ਆਫ ਕਰ ਦਿੱਤਾ ਗਿਆ ਸੀ।ਇਸ ਲਈ ਇਹ ਕੇਸ ਵੀ ਡਿਸਪੋਜ਼ ਆਫ ਕੀਤਾ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਦੋਨਾਂ ਧਿਰਾਂ ਵਲੋਂ ਪੇਸ਼ ਹੋ ਕੇ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਜ਼ੋ ਸੂਚਨਾ ਮੰਗੀ ਗਈ ਹੈ, ਉਸਦਾ ਸਬੰਧ ਪੁਲਿਸ ਵਿਭਾਗ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ, ਐਸ.ਡੀ.ਐਮ. ਬਾਬਾ ਬਕਾਲਾ ਸਾਹਿਬ ਵਲੋਂ ਉਸਦੀ ਅਰਜੀ ਮੂਲ ਰੂਪ ਵਿਚ ਡੀ.ਐਸ.ਪੀ. ਬਾਬਾ ਬਕਾਲਾ ਨੂੰ ਦਸਤੀ ਦਿੰਦੇ ਹੋਏ ਉਸਦੇ ਹਸਤਾਖਰ ਪ੍ਰਾਪਤ ਕੀਤੇ ਗਏ ਸਨ। ਪੁਲਿਸ ਵਿਭਾਗ ਵਲੋਂ ਆਪਣੇ ਪੱਤਰ ਨੰ; 8969 ਆਰ.ਟੀ.ਆਈ. ਮਿਤੀ 25-02-2019 ਰਾਹੀਂ ਬਣਦੀ ਸੂਚਨਾ ਭੇਜ਼ ਦਿੱਤੀ ਗਈ ਸੀ।ਕਮਿਸ਼ਨ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 30 **ਅਕਤੂਬਰ** , 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 9780643243

ਪਿੰਡ ਤੁਰਾ, ਡਾਕਖਾਨਾ ਕੁੰਭ, ਤਹਿਸਲੀ ਅਮਲੋਹ,

ਜ਼ਿਲ੍ਹਾ ਫਤਿਹਗੜ੍ਹ ਸਾਹਿਬ -------ਅਪੀਲਕਰਤਾ

ਬਨਾਮ

ਲੋਕ ਸੁਚਨਾ ਅਧਿਕਾਰੀ ,

ਏ.ਡੀ.ਸੀ.,ਐੱਸ.ਬੀ.ਐੱਸ ਨਗਰ।

ਪਹਿਲੀ ਅਪੀਲੀ ਅਥਾਰਟੀ,

ਡੀ.ਸੀ .ਐੱਸ ਬੀ ਐੱਸ ਨਗਰ। -----ਉੱਤਰਦਾਤਾ

ਅਪੀਲ ਕੇਸ ਨੰ 3130/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕੁਲਵਿੰਦਰ ਸਿੰਘ ਸਟੈਨੋ (99147-67087)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2019, ਲੋਕ ਸੂਚਨਾ ਅਧਿਕਾਰੀ **ਏ.ਡੀ.ਸੀ.,ਐੱਸ.ਬੀ.ਐੱਸ ਨਗਰ**, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਦਿੱਤੇ ਗਏ ਆਵੇਦਨ ਮਿਤੀ 13-06-2018 ਨੰਬਰ 249577/2018, ਆਰ.ਆਈ.ਏ. ਰਾਹੀਂ ਦਿੱਤੀ ਦਰਖਾਸਤ ਸਬੰਧੀ 02 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 10-10-2019 ਨੂੰ ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਰਿਕਾਰਡ ਅਤੇ ਪੇਸ਼ ਕੀਤੀਆਂ ਗਈਆਂ ਦਲੀਲਾਂ ਨੂੰ ਘੋਖਣ/ਸੁਣਨ ਉਪਰੰਤ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਇਨ੍ਹਾਂ ਹੁਕੱਮਾਂ ਦੀ ਕਾਪੀ ਦਿੱਤੀ ਜਾਵੇ ਅਤੇ ਕਮਿਸ਼ਨ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਅਪੀਲਕਰਤਾ ਵਲੋਂ ਪੇਸ਼ੀ ਤੇ ਹਾਜ਼ਰ ਹੋ ਕੇ ਦਸਿਆ ਗਿਆ ਕਿ ਉਹ ਉੱਤਰਦਾਤਾ ਵਿਭਾਗ ਵਲੋਂ ਪੱਤਰ ਮਿਤੀ 29-10-2019 ਰਾਹੀਂ ਦਿੱਤੀ ਸੂਚਨਾ ਤੋਂ ਸੰਤੁਸ਼ਟ ਹੈ। ਉੱਤਰਦਾਤਾ ਵਲੋਂ ਪੇਸ਼ ਸ੍ਰੀ ਕੁਲਵਿੰਦਰ ਸਿੰਘ ਸਟੈਨੋ ਵਲੋਂ ਪੱਤਰ ਨੰ: 317-18 ਮਿਤੀ 29-10-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਕਾਪੀ ਕੀਤੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਦਿੱਤੀ ਗਈ ਉਕਤ ਸੂਚਨਾ ਅਨੁਸਾਰ ਮਾਮਲਾ ਅਦਾਲਤ ਵਿਚ ਹੈ ਅਤੇ ਅਦਾਲਤ ਵਲੋਂ ਸਟੇਟਸ ਕੋਅ ਦੇ ਹੁੱਕਮ ਦਿੱਤੇ ਗਏ ਹਨ ਇਸ ਲਈ ਇਹ ਕੇਸ ਸਬ-ਜੁਡੀਸੀਅਸ ਹੈ। ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਅਪੀਲਕਰਤਾ ਸੰਤੁਸਟ ਹੈ। ਇਸ ਲਈ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 30 ਅਕਤੂਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 97806-43243 -------ਅਪੀਲਕਰਤਾ
ਪਿੰਡ ਤੁਰਾ, ਡਾਕਖਾਨਾ ਕੁੰਭ, ਤਹਿਸੀਲ ਅਮਲੋਹ,
ਜਿਲਾ ਫਤਿਹਗੜ੍ਹ ਸਾਹਿਬ।

ਬਨਾਮ

ਲੋਕ ਸੂਚਨਾ ਅਧਿਕਾਰੀ,
ਐਸ.ਡੀ.ਐਮ., ਐਸ.ਬੀ.ਐਸ.ਨਗਰ।

ਪਹਿਲੀ ਅਪੀਲੀ ਅਥਾਰਟੀ
ਐਸ.ਡੀ.ਐਮ. ਐਸ.ਬੀ.ਐਸ.ਨਗਰ। **------ਉੱਤਰਦਾਤਾ**

ਅਪੀਲ ਕੇਸ ਨੰ 3131/2019

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕੁਲਵਿੰਦਰ ਸਿੰਘ ਸਟੈਨੋ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-03-2018, ਨੂੰ ਲੋਕ ਸੂਚਨਾ ਅਧਿਕਾਰੀ ਐਸ.ਡੀ.ਐਮ., ਐਸ.ਬੀ.ਐਸ.ਨਗਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਹੁਕੱਮ ਡਿਪਟੀ ਕਮਿਸ਼ਨਰ ਨਵਾਂ ਸ਼ਹਿਰ ਮਿਸਲ ਨੰ: 5/ਮਿਸ./2009/ ਮਿਤੀ 09/04/2003, ਹੁਕੱਮ ਕਮਿਸ਼ਨਰ ਜਲੰਧਰ ਜੀ ਦੀ ਅਪੀਲ ਨੰ: 01/ਆਫ 2003, ਅਤੇ ਐਫ.ਸੀ.ਆਰ. ਪੰਜਾਬ ਜੀ ਦੇ ਹੁਕਮ ਆਰ.ਓ.ਆਰ. ਨੰ: 58 ਆਫ 2004 ਨੂੰ ਲਾਗੂ ਕਰਾਵਾਉਣ ਸਬੰਧੀ 02 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 1-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 10-10-2019 ਨੂੰ ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਰਿਕਾਰਡ ਅਤੇ ਦਿਤੀਆਂ ਗਈਆਂ ਦਲੀਲਾਂ ਨੂੰ ਘੋਖਣ/ਸੁਣਨ ਉਪਰੰਤ ਪਾਇਆ ਗਿਆ ਕਿ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਜ਼ੋ ਉਤਰ ਦਿੱਤਾ ਗਿਆ ਹੈ ਉਸ ਮੁਤਾਬਿਕ ਕਾਰਵਾਈ/ਇੰਨਕੁਆਰੀ ਤਹਿਸੀਲਦਾਰ ਦੇ ਦਫਤਰ ਪਾਸ ਪੈਡਿੰਗ ਹੈ। ਇਸ ਕਾਰਨ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਅਤੇ ਦਸਿਆ ਕਿ ਉਸਨੂੰ ਮੁਕੰਮਲ ਸੂਚਨਾ ਨਹੀਂ ਮਿਲੀ ਹੈ। ਉਤਰਦਾਤਾ ਵਲੋਂ ਹਾਜ਼ਰ ਸ੍ਰੀ ਕੁਲਵਿੰਦਰ ਸਿੰਘ ਸਟੈਨੋ ਵਲੋਂ ਪੱਤਰ ਨੰ: 401-02 ਮਿਤੀ 29-10-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਕਾਪੀ ਅਪੀਲਕਰਤਾ ਨੂੰ ਕੀਤੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋ ਪੇਸ਼ ਕੀਤੇ ਗਏ ਉਕੱਤ ਪੱਤਰ ਅਨੁਸਾਰ ਦਸਿਆ ਗਿਆ ਕਿ ਪੜਤਾਲ ਰਿਪੋਰਟ ਲੰਬਿਤ ਹੈ, ਇਸ ਲਈ ਸਮੇਂ ਦੀ ਮੰਗ ਕੀਤੀ ਗਈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 27-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 30 **ਅਕਤੂਬਰ ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਜਾਗਰ ਸਿੰਘ, (98789-61815)
ਪੁੱਤਰ ਸ਼੍ਰੀ ਬੰਤ ਸਿੰਘ,
ਵਾਸੀ ਗਲੀ ਨੰ:1,
ਮਾਨ ਕਲੌਨੀ ਡਾਬਾ (ਲੁਧਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 460/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, (7888741866), ਚੰਡੀਗੜ੍ਹ ਅਤੇ ਸ੍ਰੀ ਪਰਮਜੀਤ ਸਿੰਘ, ਏ.ਐਸ.ਆਈ.(98723-31840) ਲੁਧਿਆਣਾ।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ, 10-10-2019 ਅਪੀਲਕਰਤਾ ਨੂੰ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉਤਰਦਾਤਾ ਨੂੰ ਸੂਚਿਤ ਕਰਨ ਲਈ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਨਿਸਚਿਤ ਕੀਤੀ ਗਈ ਸੀ। ਉਤਰਦਾਤਾ ਵਲੋਂ ਸਮੇ ਦੀ ਮੰਗ ਕੀਤੀ ਗਈ ਸੀ ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਅਪੀਲਕਰਤਾ ਵਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਹਾਜਰ ਹੋਇਆ, ਉਸ ਵਲੋਂ ਪ੍ਰਾਪਤ ਹੋਈ ਸੂਚਨਾ ਦੇ ਸਬੰਧ ਵਿਚ ਦਸੀਆਂ ਗਈਆਂ ਤਰੁੱਟੀਆਂ ਸਬੰਧੀ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਨਾਲ ਸਹਿਮਤੀ ਨਹੀਂ ਪ੍ਰਗਟਾਈ ਗਈ।

3. ਉੱਤਰਦਾਤਾ ਵਲੋਂ ਹਾਜ਼ਰ ਸ਼੍ਰੀ ਪਵਨਦੇਵ ਸਿੰਘ, ਚੰਡੀਗੜ੍ਹ ਅਤੇ ਸ੍ਰੀ ਪਰਮਜੀਤ ਸਿੰਘ ਏ.ਐਸ. ਆਈ. ਲੁਧਿਆਣਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ।

4. ਦੋਨਾਂ ਧਿਰਾਂ ਵਲੋਂ ਪੇਸੀ ਸਮੇ ਦਿੱਤੀਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਨੂੰ ਘੋਖਣ ਤੇ ਪਾਇਆ ਗਿਆ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਸਹੀ ਨਹੀਂ ਅਤੇ ਕਮਿਸ਼ਨ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਅਪੀਲਕਰਤਾ ਨੂੰ ਵਿਸਥਾਰਪੂਰਵਕ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਸਟੇਟਸ ਵੀ ਦਸਿਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨੁਰਾਗ ਗੁਪਤਾ, (79867-99578)
ਪੁੱਤਰ ਸ਼੍ਰੀ ਪ੍ਰੇਮ ਸਾਗਰ,ਛਾਹੜੀਆਂ ( Chharrian) ਮੁਹੱਲਾ,
ਰਾਜਾ ਰਾਮ ਗਲੀ ਸਿਟੀ, ਸੁਨਾਮ,ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:2648 / 2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ (96463-32100)।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 10-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਹੈ ਉਹ ਸਹੀ ਨਹੀਂ। ਇਸ ਲਈ ਉਸਨੂੰ ਇਕ ਹੋਰ ਮਿਤੀ ਦਿਤੀ ਜਾਵੇ ਕਿਉਂਜੋ ਉਹ ਚੋਣਾਂ ਦੇ ਕੰਮ ਵਿਚ ਰੁਝਿਆ ਹੋਇਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਪੇਸ਼ੀ ਤੇ ਹਾਜ਼ਰ ਹੋਇਆ। ਇਹ ਕੇਸ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਤੇ ਤਰੁੱਟੀਆਂ ਪੇਸ਼ ਕਰਨ ਲਈ ਨਿਸਚਿਤ ਕੀਤਾ ਗਿਆ ਸੀ। ਅਪੀਲਕਰਤਾ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਰਾਹੀਂ ਦਸਿਆ ਗਿਆ ਕਿ ਉਹ ਬਿਮਾਰ ਹੈ ਅਤੇ ਅਗਲੀ ਮਿਤੀ ਦਿੱਤੀ ਜਾਵੇ।

3. ਉੱਤਰਦਾਤਾ ਵਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਹਾਜ਼ਰ ਹੋਇਆ। ਉਸ ਵਲੋਂ ਉਪ ਮੰਡਲ ਮੈਜਿਸਟਰੇਟ, ਸੁਨਾਮ ਊਧਮ ਸਿੰਘ ਵਾਲਾ ਦਾ ਪੱਤਰ ਨ: 1160/ਸਟੈਨੋ ਮਿਤੀ 07-10-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਲਿਖਿਆ ਗਿਆ ਕਿ ਇਸ ਦਰਖਾਸਤ ਤੇ ਲੋੜੀਂਦੀ ਪੜਤਾਲ ਕਰਵਾਉਣ ਲਈ ਸਬੰਧਤ ਵਿਭਾਗ ਨੂੰ ਭੇਜਿਆ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਇਸ ਕੇਸ ਵਿਚ ਅੱਜ ਅਪੀਲਕਰਤਾ ਪੇਸ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਭੇਜ਼ ਕੇ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵਲੋਂ ਪੇਸ਼ ਕੀਤੀ ਗਈ ਸੂਚਨਾ ਸਹੀ ਹੈ, ਪਰ ਫਿਰ ਵੀ ਅਪੀਲਕਰਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਅਗਲੀ ਮਿਤੀ ਤੇ ਆਹਮਣੇ ਸਾਹਮਣੇ ਸੁਣੰਨ ਉਪਰੰਤ ਫੈਸਲਾ ਕੀਤਾ ਜਾਵੇਗਾ । ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੇਲ ਸਿੰਘ, (85284-30050)
ਪੁੱਤਰ ਸ਼੍ਰੀ ਚੰਨਣ ਸਿੰਘ,
ਪਿੰਡ ਤੇ ਡਾਕਖਾਨਾ ਧਬਲਾਨ,
ਤਹਿਸੀਲ ਤੇ ਜਿਲਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2097/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਗਿਆਨ ਚੰਦ (79732-20027)।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ ਨੂੰ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਗਿਆਨ ਚੰਦ ਨੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਵਲੋਂ ਲਿਖਤੀ ਰੂਪ ਵਿਚ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਇਾ ਦਿੱਤੀ ਗਈ ਹੈ ਅਤੇ ਨੁਕਤਾ ਨੰ: 1 ਦੀ ਸੂਚਨਾ ਜੋ ਸਿਵਲ ਕੰਮਾਂ ਦੇ ਐਸਟੀਮੇਟ, ਤੱਕਨੀਕੀ ਤੇ ਪ੍ਰਬੰਧੀ ਪ੍ਰਵਾਨਗੀ ਸਮੇਤ ਐਮ.ਬੀਜ (ਮਿਣਤੀ ਕਿਤਾਬ) ਬਾਰੇ ਲਿਖਿਆ ਗਿਆ ਕਿ ਇਹ ਸੂਚਨਾ ਜੇ.ਈ.ਵਲੋ ਮੁਹੱਈਆ ਕਰਵਾਉਣੀ ਬਣਦੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਅਪੀਲਕਰਤਾ ਦੇ ਨੁਮਾਇੰਦੇ ਸ੍ਰੀ ਗਿਆਨ ਚੰਦ ਨੂੰ ਦਸਤੀ ਦੇ ਦਿੱਤੀ ਗਈ, ਜਿਸ ਤੇ ਉਸ ਵਲੋਂ ਲਿਖਤੀ ਰੂਪ ਵਿਚ ਤਸਦੀਕ ਕੀਤਾ ਕਿ ਕੁਝ ਸੂਚਨਾ ਸ੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਵਲੋਂ ਮੁਹੱਈਆ ਕਰਾਈ ਗਈ ਉਹ ਪ੍ਰਾਪਤ ਕਰ ਲਈ ਹੈ ਅਤੇ ਘੱਟ ਸੂਚਨਾ ਅਗਲੀ ਪੇਸ਼ੀ ਤੇ ਦਿਵਾਈ ਜਾਵੇ। ਇਸ ਲਈ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਬਾਕੀ ਰਹਿੰਦੀ ਸੂਚਨਾ ਵੀ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਅਗਲੀ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਅਗਲੀ ਨਿਸਚਿਤ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਅਤੇ ਉਤਰਦਾਤਾ ਦੀ ਤਰਫੋਂ ਪੇਸ਼ ਨੁਮਾਇੰਦਿਆਂ ਦੀ ਸਹਿਮਤੀ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਹਾਜ਼ਰ ਗਿਆਨ ਚੰਦ ਵਲੋਂ ਦਸਿਆ ਗਿਆ ਕਿ ਦਿੱਤੀ ਗਈ ਜਾਣਕਾਰੀ ਤੋਂ ਸੰਤੁਸ਼ਟ ਨਹੀਂ ਹੈ ।

3 ਉੱਤਰਦਾਤਾ ਵਲੋਂ ਕੋਈ ਪੇਸ਼ ਨਹੀਂ ਹੋਇਆ। ਪਿਛਲੀ ਮਿਤੀ ਤੇ ਪੇਸ਼ ਉੱਤਰਦਾਤਾ ਸ੍ਰੀ ਬੂਟਾ ਸਿੰਘ, ਵਲੋਂ ਦਸਿਆ ਗਿਆ ਸੀ ਕਿ ਨੁਕਤਾ ਨੰ:1 ਦੀ ਸੂਚਨਾ ਸਿਵਲ ਕੰਮਾਂ ਦੇ ਐਸਟੀਮੇਟ ਆਦਿ ਨਾਲ ਸਬੰਧਤ ਹੈ ਅਤੇ ਇਹ ਸੂਚਨਾ ਜੇ.ਈ. ਵਲੋਂ ਮੁਹੱਈਆ ਕਰਵਾਈ ਜਾਣੀ ਹੈ। ਇਸ ਲਈ ਜੇ.ਈ., ਮਾਰਫਤ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਨੁਕਤਾ ਨੰ: 1 ਸਬੰਧੀ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.**

**ਕਾਪੀ:** 1) ਜੇ.ਈ., ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ, ਮਾਰਫਤ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ
2) ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਸਿੰਘ, (93562-62225)
ਸਾਬਕਾ ਸਰਪੰਚ, ਸਾਲੋਵਾਲ,
ਤਹਿਸੀਲ ਤੇ ਜ਼ਿਲ੍ਹਾ, ਪਠਾਨਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ,
ਜ਼ਿਲ੍ਹਾ ਪਠਾਨਕੋਟ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 531/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 10-10-2019 ਨੂੰ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇਕ ਹੋਰ ਮੌਕਾ ਦਿੰਦੇ ਹੋਏ ਮੁੜ ਸਖਤ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਅੱਜ ਵੀ ਪੇਸ਼ੀ ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਇਸ ਲਈ ਉਸਨੂੰ ਇਕ ਵਾਰ ਫਿਰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ_ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 30 ਅਕਤੂਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਿੰਕਾ ਰਾਨੀ 9023583260

ਪਿੰਡ ਅਤੇ ਡਾਕਖਾਨਾ ਮਿਰਜਾ ਪੱਟੀ ਨਮੋਲ,

ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ ------ਸ਼ਿਕਾਇਤਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ ਸੈਕਰੇਟਰੀ,

ਅਧੀਨ ਸੇਵਾਵਾਂ ਬੋਰਡ(ਐੱਸ.ਐੱਸ.ਐੱਸ.ਬੀ,) ਪੰਜਾਬ, ਮੋਹਾਲੀ। -----ਉੱਤਰਦਾਤਾ

ਕੰਪਲੇਟ ਕੇਸ ਨੰ 764/2019

ਹਾਜ਼ਰ:-

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਵਿੰਦਰ ਸਿੰਘ, ਕਲਰਕ ( 70096-42978)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-07-2019, **ਲੋਕ ਸੂਚਨਾ ਅਧਿਕਾਰੀ ਸੈਕਰੇਟਰੀ**, ਅਧੀਨ ਸੇਵਾਵਾਂ ਬੋਰਡ(**ਐੱਸ.ਐੱਸ.ਐੱਸ.ਬੀ**,) **ਪੰਜਾਬ, ਮੋਹਾਲੀ** ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ **ਐੱਸ.ਐੱਸ.ਐੱਸ.** ਬੋਰਡ ਪੰਜਾਬ ਅਧੀਨ ਇਸਤਿਹਾਰ ਨੰ: 3 ਆਫ 2016 ਅਧੀਨ ਜੇ.ਬੀ.ਟੀ.ਟੀਚਰ ਦੀਆਂ ਕੱਢੀਆਂ ਆਸਾਮੀਆਂ ਅਤੇ ਉਸਦੀ ਪ੍ਰਕਿਰਿਆ ਸਬੰਧੀ 08 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਈ ਅਤੇ ਨਾਂ ਹੀ ਉਸ ਵਲੋਂ ਹਾਜਰ ਨਾ ਹੋਣ ਬਾਰੇ ਕੋਈ ਈ.ਮੇਲ. ਜਾਂ ਸੂਚਨਾ ਹੀ ਪ੍ਰਾਪਤ ਹੋਈ ਸੀ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਪੱਤਰ ਮੀਮੋ ਨੰ: 01/71/2019-ਅ2 (ਅਸਚਬ)/1709 ਮਿਤੀ 09-10-2019 ਸਹਿ ਪੱਤਰਾਂ ਸਹਿਤ ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਮਿਤੀ 03-09-2019 ਰਾਹੀਂ ਉੱਤਰ ਭੇਜਿਆ ਜਾ ਚੁੱਕਾ ਹੈ। ਇਸ ਲਈ ਸ਼ਿਕਾਇਤਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੇ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਦੀਆਂ ਹਨ ਤਾਂ ਉੱਤਰ ਦੀ ਕਾਪੀ ਦੀ ਪ੍ਰਾਪਤੀ ਤੋਂ 10 ਦਿਨਾਂ ਦੇ ਅੰਦਰ ਅੰਦਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਈ, ਪਰ ਉਸ ਵਲੋਂ ਈ.ਮੇਲ. ਰਾਹੀਂ ਸੂਚਿਤ ਕੀਤਾ ਗਿਆ ਹੈ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਚੁੱਕੀ ਹੈ ਅਤੇ ਮੁਹੱਈਆ ਕਰਵਾਈ ਗਈ ਸੂਚਨਾ ਤੋਂ ਸੰਤੁਸ਼ਟ ਹੈ।ਈ.ਮੇਲ ਮਿਸਲ ਤੇ ਰੱਖ ਲਈ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਵਿੰਦਰ ਸਿੰਘ, ਕਲਰਕ ਵਲੋਂ ਸ੍ਰੀਮਤੀ ਪਰਿੰਕਾ ਰਾਣੀ ਦਾ ਪੱਤਰ ਮਿਤੀ 23-10-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਵਲੋਂ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਪ੍ਰਗਟ ਕੀਤੀ ਗਈ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 30 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਲਾਲ, (83607-93940)
ਪੁੱਤਰ ਸ਼੍ਰੀ ਸੰਤ ਰਾਮ,ਪਿੰਡ ਤੇ ਡਾਕਖਾਨਾ ਭੁੱਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਚਾਇਤ ਸਕੱਤਰ,ਗਰਾਮ ਪੰਚਾਇਤ ਭੁੱਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 524/2019**

**ਹਾਜ਼ਰ:-**

1) ਸ਼੍ਰੀ ਕ੍ਰਿਸ਼ਨ ਲਾਲ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 11-10-2019 ਨੂੰ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਕੋਈ ਵੀ ਹਾਜ਼ਰ ਨਹੀਂ ਸੀ ਹੋਇਆ ਅਤੇ ਨਾ ਹੀ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲੈਂਦੇ ਹੋਏ ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਭੁੱਨਰਹੇੜੀ, ਜ਼ਿਲ੍ਹਾ ਪਟਿਆਲਾ, ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਆਪਣਾ ਜਵਾਬ ਵੀ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ_ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕਿ ਦਸਿਆ ਕਿ ਉਸ ਨੂੰ ਮੰਗੀ ਗਈ ਸੂਚਨਾ ਅੱਜੇ ਤੱਕ ਪ੍ਰਾਪਤ ਨਹੀਂ ਹੋਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਸੀ ਜਿਸ ਦਾ ਕਮਿਸ਼ਨ ਵਲੋਂ ਗੰਭੀਰ ਨੋਟਿਸ ਲੈਂਦੇ ਹੋਏ ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਭੁੱਨਰਹੇੜੀ, ਜ਼ਿਲ੍ਹਾ ਪਟਿਆਲਾ, ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਆਪਣਾ ਸਪਸ਼ਟੀਕਰਨ ਪੇਸ਼ ਕੀਤਾ ਜਾਵੇ।ਇਸ ਦੇ ਨਾਲ ਹੀ ਡੀ.ਡੀ.ਪੀ.ਓ. ਪਟਿਆਲਾ ਨੂੰ ਲਿਖਿਆ ਜਾਂਦਾ ਹੈ ਕਿ ਉੱਕਤ ਅਧਿਕਾਰੀ ਵਲੋਂ ਆਰ.ਟੀ.ਆਈ. ਐਕਟ ਦੀ ਪਾਲਣਾ ਨਹੀਂ ਕੀਤੀ ਜਾ ਰਹੀ ਅਤੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਰਹੀ। ਇਸ ਲਈ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 21-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 30 ਅਕਤੂਬਰ, 2019.

ਕਾਪੀ: 1) ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਪਟਿਆਲਾ
2) ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਪਟਿਆਲਾ, ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਪਟਿਆਲਾ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹਰਮਿਲਾਪ ਸਿੰਘ ਗਰੇਵਾਲ 9356200018
ਮਕਾਨ ਨੰ: 22173 ਪਾਵਰ ਹਾਉਸ ਰੋਡ ਬਠਿੰਡਾ 151001

------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਊਰੋ,ਪੰਜਾਬ, ਚੰਡੀਗੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਊਰੋ,ਪੰਜਾਬ, ਚੰਡੀਗੜ। ------ਉੱਤਰਦਾਤਾ

ਅਪੀਲ ਕੇਸ ਨੰ 3290/2019

ਹਾਜ਼ਰ:-

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ ਐਸ.ਆਈ.

ਹੁੱਕਮ:

ਪਿਛਲੀ ਪੇਸ਼ੀ ਦੀ ਮਿਤੀ 11-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਸੀ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 24-09-2019 ਰਾਹੀਂ ਬੇਨਤੀ ਕੀਤੀ ਗਈ ਸੀ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਉਸਦੀ ਸੁਣਵਾਈ ਵਿਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ, ਐਸ.ਆਈ. ਪੇਸ਼ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਜਵਾਬ ਪਹਿਲਾਂ ਹੀ ਦਿੱਤਾ ਹੋਇਆ ਹੈ। ਜਿਥੋਂ ਤੱਕ ਸ਼ਿਕਾਇਤ ਦੀ ਰਿਪੋਰਟ ਦਾ ਸਬੰਧ ਹੈ ਇਸ ਸਬੰਧੀ ਪੜਤਾਲ ਅਜੇ ਪੈਡਿੰਗ ਹੈ। ਪੇਸ਼ੀ ਤੇ ਹਾਜ਼ਰ ਉਤਰਦਾਤਾ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: 45757/ਵਬ/ਐਸ-14, ਮਿਤੀ 04-10-2019 ਪੇਸ਼ ਕੀਤਾ ਗਿਆ ਜਿਸਦਾ ਉਤਾਰਾ ਅਪੀਲਕਰਤਾ ਨੂੰ ਵੀ ਰਜਿਸਟਰਡ ਡਾਕ ਰਾਹੀਂ ਭੇਜਿਆ ਗਿਆ ਸੀ। ਇਸ ਦੇ ਨਾਲ ਉਨ੍ਹਾਂ ਵਲੋਂ ਦਸਿਆ ਗਿਆ ਸੀ ਕਿ ਸ਼ਿਕਾਇਤ ਨੰ: 03/17 ਲੁਧਿਆਣਾ ਦੇ ਸਬੰਧ ਵਿਚ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ (ਸਿਹਤ-6 ਸ਼ਾਖਾ) ਪਾਸੋਂ ਰਿਪੋਰਟ ਮੰਗੀ ਗਈ ਹੈ । ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਉੱਤਰ ਅਨੁਸਾਰ ਇਸ ਕੇਸ ਵਿਚ ਸਿਹਤ ਵਿਭਾਗ ਪਾਸੋਂ ਰਿਪੋਰਟ ਮੰਗੀ ਗਈ ਹੈ।ਇਸ ਤਰ੍ਹਾਂ ਵਿਜੀਲੈਂਸ ਵਿਭਾਗ ਵਲੋਂ ਕੋਈ ਸੂਚਨਾ ਪੈਡਿੰਗ ਨਹੀਂ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ-ਕਮ- ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ (ਸਿਹਤ-6 ਸ਼ਾਖਾ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧਤ ਵਿਭਾਗ ਅਤੇ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਸੀ ਹੋਇਆ ਪਰ ਉਸ ਵਲੋਂ ਪਿਛਲੀ ਮਿਤੀ ਤੌਂ ਪਹਿਲਾਂ ਈ.ਮੇਲ. ਮਿਤੀ 24-09-2019 ਰਾਹੀਂ ਬੇਨਤੀ ਕੀਤੀ ਗਈ ਸੀ ਕਿ ਉਸਦੀ ਸੁਣਵਾਈ ਵਿਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ। ਪੱਤਰ ਮਿਸਲ ਤੇ ਉਪਲਬਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ ਐਸ.ਆਈ. ਹਾਜ਼ਰ ਹੋਇਆ। ਉਸ ਵਲੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦਾ ਪੱਤਰ ਨੰ: ਪੀ.ਐਚ.ਐਸ.ਸੀ./ਖਰੀਦ/19/3152-54 ਮਿਤੀ 18-10-2019 ਪੇਸ਼

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਕੀਤਾ ਗਿਆ ਜ਼ੋ ਸੁੱਪਰਡੰਟ ਕਰਾਈਮ-2 ਵਿਜਲੈਂਸ ਬਿਊਰੋ, ਪੰਜਾਬ ਚੰਡੀਗੜ੍ਹ ਨੂੰ ਸੰਬੋਧਤ ਹੈ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਸ਼ਿਕਾਇਤ ਕਰਤਾ ਵਲੋਂ ਵੀਡੀਓ ਕਾਨਫਰੰਸ ਰਾਹੀਂ ਸੁਣਵਾਈ ਦੀ ਮੰਗ ਕੀਤੀ ਗਈ ਹੈ। ਕਿਉਂਜੋ ਇਹ ਮਾਮਲਾ ਵੀਡੀਓ ਕਾਨਫਰੰਸ ਰਾਹੀਂ ਸੁਲਝੱਣ ਵਾਲਾ ਨਹੀਂ ਹੈ, ਇਸ ਲਈ ਉਸਦੀ ਇਸ ਮੰਗ ਨੂੰ ਰੱਦ ਕੀਤਾ ਜਾਂਦਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜੇਸ਼ ਕੁਮਾਰ ਐਸ.ਆਈ. ਵਲੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦਾ ਪੱਤਰ ਨੰ: ਪੀ.ਐਚ.ਐਸ.ਸੀ./ਖਰੀਦ/19/3152-54 ਮਿਤੀ 18-10-2019 ਪੇਸ਼ ਕੀਤਾ ਗਿਆ ਹੈ ਜ਼ੋ ਸੁਪਰਡੰਟ ਕਰਾਈਮ-2 ਵਿਜਲੈਂਸ ਬਿਊਰੋ, ਪੰਜਾਬ ਚੰਡੀਗੜ੍ਹ ਨੂੰ ਸੰਬੋਧਤ ਹੈ। ਇਸ ਪੱਤਰ ਰਾਹੀਂ ਉਨ੍ਹਾਂ ਵਲੋਂ ਸ਼ਿਕਾਇਤ ਨੰ: 3/17 ਲੁਧਿਆਣਾ ਜ਼ੋ ਸ੍ਰੀ ਹਰਮਿਲਾਪ ਸਿੰਘ ਗਰੇਵਾਲ , ਅਪੀਲਕਰਤਾ ਨਾਲ ਸਬੰਧਤ ਹੈ ਬਾਰੇ ਰਿਪੋਰਟ ਭੇਜੀ ਗਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਸਬੰਧਤ ਵਿਭਾਗ ਵਲੋਂ ਪ੍ਰਾਪਤ ਉਕਤ ਪੱਤਰ ਮਿਤੀ 18-10-2019 ਦੀ ਕਾਪੀ ਸੂਚਨਾ ਹਿੱਤ ਅਪੀਲਕਰਤਾ ਨੂੰ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 30 ਅਕਤੂਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡੀ.ਈ.ਜੀ.ਸੀ. (ਕਲਾਮ), ਸੇਵਾ ਕੇਂਦਰ, ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,ਸ਼ਹੀਦ ਭਗਤ ਸਿੰਘ ਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 2657/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵਿੰਦਰ ਸਿੰਘ ਸਟੈਨੋ (99147-67087 )

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-05-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਧਾਰਮਿਕ ਮੇਲਿਆਂ ਦੀ ਮੰਨਜ਼ੂਰੀ ਸਬੰਧੀ ਫੀਸ ਵਸੂਲ ਕਰਨ ਨਾਲ ਸਬੰਧਤ ਨੋਟੀਫਿਕੇਸ਼ਨ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਡੀ.ਈ.ਜੀ.ਸੀ. (ਕਲਾਮ), ਸੇਵਾ ਕੇਂਦਰ, ਨਵਾਂ ਸ਼ਹਿਰ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਆਪਣੇ ਪੱਤਰ ਨੰ:38/ਆਰ.ਟੀ.ਆਈ.ਸੈੱਲ, ਮਿਤੀ 13-05-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ, ਦਫਤਰ ਡੀ.ਈ.ਜੀ.ਸੀ. (ਕਲਾਮ), ਸੇਵਾ ਕੇਂਦਰ, ਨਵਾਂ ਸ਼ਹਿਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 18-09-2019 ਉੱਤਰਦਾਤਾ ਵਲੋਂ ਪਹਿਲਾਂ ਭੇਜੇ ਗਏ ਉੱਤਰ ਦੀ ਕਾਪੀ ਭੇਜੀ ਗਈ ਸੀ ਜਿਸ ਰਾਹੀਂ ਦਸਿਆ ਗਿਆ ਸੀ ਸਾਲ 2016 ਤੋ 2018 ਤੱਕ ਦੀ ਸੂਚਨਾ ਵੈਬਸਾਇਟ ਤੇ ਹੈ। ਇਸ ਤਰ੍ਹਾਂ ਇਹ ਉੱਤਰ ਵਿਭਾਗ ਵਲੋਂ ਮਿਤੀ 14-05-2019 ਨੂੰ ਦਿੱਤਾ ਹੋਇਆ ਹੈ ਅਤੇ ਇਕ ਉੱਤਰ ਮਿਤੀ 27-09-2019 ਨੂੰ ਦਿੱਤਾ ਗਿਆ ਕਿ ਫੀਸ ਕਿਸ ਨੋਟੀਫਿਕੇਸ਼ਨ ਰਾਹੀਂ ਲਿੱਤੀ ਜਾਂਦੀ ਹੈ ਅਤੇ ਇਸ ਪੱਤਰ ਵਿਚ ਮਿਤੀ 31-12-2018 ਵਿਚ ਫੀਸ ਲੈਣ ਦਾ ਵੇਰਵਾ ਦਰਜ਼ ਹੈ। ਪਰ ਇਸ ਤੋਂ ਪਹਿਲਾਂ ਜਨਵਰੀ, 2016 ਤੋਂ 31-12-2018 ਤੱਕ ਦੇ ਸਮੇਂ ਕਿਸ ਨੋਟੀਫਿਕੇਸ਼ਨ ਜਾਂ ਕਿਸ ਢੰਗ ਨਾਲ ਫੀਸ ਲਈ ਜਾਂਦੀ ਸੀ ਦਾ ਵੇਰਵਾ ਨਹੀਂ ਦਿੱਤਾ ਗਿਆ। ਕਿਉਂਜੋ ਜਿਹੜਾ ਪੱਤਰ ਮਿਤੀ 14-05-2019 ਨੂੰ ਦਿੱਤਾ ਗਿਆ ਸੀ ਉਸ ਵਿਚ ਕੇਵਲ ਦਸਿਆ ਗਿਆ ਹੈ ਕਿ ਫੀਸ ਸਰਕਾਰ ਦੇ ਬਣਾਏ ਸੋਫਟਵੇਅਰ ਰਾਹੀਂ ਵਸੂਲ ਕੀਤੀ ਜਾਂਦੀ ਹੈ।. ਉੱਤਰਦਾਤਾ ਨੂੰ ਦਸਿਆ ਗਿਆ ਕਿ ਇਹ ਸੂਚਨਾ ਮੰਗੀ ਗਈ ਸੂਚਨਾ ਨਾਲ ਮੇਲ ਨਹੀਂ ਖਾਂਦੀ ਇਸ ਲਈ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਕਿ ਇਸ ਦਾ ਉੱਤਰ ਡਿਟੇਲ ਵਿਚ ਦਿੱਤਾ ਜਾਵੇ ਕਿ ਫੀਸ ਕਿਸ ਢੰਗ ਨਾਲ ਲਈ ਜਾਂਦੀ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਅਪੀਲਕਰਤਾ ਵਲੋਂ ਪੇਸ਼ੀ ਤੇ ਹਾਜ਼ਰ ਹੋ ਕੇ ਦਸਿਆ ਗਿਆ ਕਿ ਉਹ ਉੱਤਰਦਾਤਾ ਵਲੋਂ ਦਿੱਤੀ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਕੇਸ ਬੰਦ ਕਰਨ ਦੀ ਬੇਨਤੀ ਕੀਤੀ ਗਈ।

4. ਉੱਤਰਦਾਤਾ ਵਲੋਂ ਪੇਸ਼ ਸ੍ਰੀ ਕੁਲਵਿੰਦਰ ਸਿੰਘ ਸਟੈਨੋ ਵਲੋਂ ਵੀ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਤੋਂ ਅਪੀਲਕਰਤਾ ਸੰਤੁਸ਼ਟ ਹੈ।

5. ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਹਾਜ਼ਰ ਹੋ ਕੇ ਦਸਿਆ ਗਿਆ ਕਿ ਉਹ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 30 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,ਨਵਾਂਸ਼ਹਿਰ। --------ਉੱਤਰਦਾਤਾ

**ਅਪੀਲ ਕੇਸ ਨੰ: 2659/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਜਗਦੀਸ਼ ਸਿੰਘ ਜ਼ੋਹਲ, ਪਹਿਲੀ ਅਪੀਲੀ ਅਥਾਰਟੀ, ਦਫਤਰ ਉਪ ਮੰਡਲ ਮੈਜਿਸਟਰੇਟ ਨਵਾਂ ਸ਼ਹਿਰ ਅਤੇ ਸ਼੍ਰੀ ਜਗਤਾਰ ਸਿਘ, ਸੇਲ ਕਲਰਕ (81466-46268)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਨਵਾਂਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਭਾਰਟਾਂ ਕਲਾਂ ਦੇ ਅਵਧੂਤ ਮੰਡਲ ਆਸ਼ਰਮ ਦੀ ਅਲਾਟਮੈਟ ਰੱਦ ਕਰਨ ਸਬੰਧੀ ਜ਼ਾਰੀ ਕੀਤੇ ਗਏ ਹੁੱਕਮ ਮਿਤੀ 1-12-1978 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪ ਮੰਡਲ ਮੈਜਿਸਟਰੇਟ, ਨਵਾਂਸ਼ਹਿਰ ਵਲੋਂ ਆਪਣੇ ਪੱਤਰ ਨੰ:1039/ਏ.ਐਸ.ਬੀ.ਏ., ਮਿਤੀ 14-03-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ, ਦਫਤਰ ਤਹਿਸੀਲਦਾਰ, ਨਵਾਂ ਸ਼ਹਿਰ ਨੂੰ ਤਬਦੀਲ ਕਰ ਦਿੱਤੀ ਗਈ ਸੀ।ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 11-10-2019 ਨੂੰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਹੁੱਕਮਾਂ ਅਨੁਸਾਰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਸ਼੍ਰੀ ਕੁਲਵਿੰਦਰ ਸਿੰਘ, ਸਟੈਨੋ ਵਲੋਂ 2 ਹਫਤੇ ਦਾ ਸਮਾਂ ਦੇਣ ਲਈ ਬੇਨਤੀ ਕੀਤੀ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜਰ ਹੋਇਆ। ਉਸ ਵਲੋ ਦਸਿਆ ਗਿਆ ਕਿ ਦਿੱਤੀ ਗਈ ਸੂਚਨਾ ਸਪਸ਼ੱਟ ਨਹੀਂ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਜਗਦੀਸ਼ ਸਿੰਘ ਜ਼ੋਹਲ, ਪਹਿਲੀ ਅਪੀਲੀ ਅਥਾਰਟੀ, ਦਫਤਰ ਉਪ ਮੰਡਲ ਮੈਜਿਸਟਰੇਟ ਨਵਾਂ ਸ਼ਹਿਰ ਹਾਜ਼ਰ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਕਿ ਜੋ ਉਨ੍ਹਾਂ ਦੇ ਅਧਿਕਾਰ ਖੇਤਰ ਵਿਚ ਹੈ ਉਸ ਸਬੰਧੀ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ। ਇਸ ਸਬੰਧ ਵਿਚ ਲੋਕ ਸੂਚਨਾ ਅਧਿਕਾਰੀ ਨਵਾਂਸ਼ਹਿਰ ਦਾ ਪੱਤਰ ਨੰ: 212 /ਸੇਲਜ਼ ਮਿਤੀ 06-09-2019 ਪੇਸ਼ ਕੀਤਾ ਗਿਆ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਪੇਸ਼ੀ ਤੇ ਹਾਜ਼ਰ ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਸਾਲ 1978 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ ਜਿਸ ਸਬੰਧੀ ਲੋਕ ਸੂਚਨਾ ਅਫਸਰ ਨਵਾਂਸ਼ਹਿਰ ਵਲੋਂ ਉਕਤ ਪੱਤਰ ਰਾਹੀਂ ਨੁਕਤਾਵਾਰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 30 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਖੁਸ਼ਦੀਪ ਗੋਇਲ, (79736-42151)
ਮਕਾਨ ਨੰ:2061,
ਅਰਬਨ ਐਸਟੇਟ ਫੇਸ-2, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2035/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਡਾ: ਗੁਰਦਰਸ਼ਨ ਸਿੰਘ ਬਰਾੜ,(99141-19023) ਅਤੇ ਸ਼੍ਰੀਮਤੀ, ਮਨੀਸ਼ਾ,ਸੀਨੀਅਰ ਸਹਾਇਕ (93064-49429)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉਚੇਰੀ ਸਿੱਖਿਆ ਵਿਭਾਗ ਦੇ ਨੋਟੀਫਿਕੇਸ਼ਨ ਨੰ:10-3/09-3ਸਿੱਖਿਆ1/3321, ਮਿਤੀ 02-09-2009 ਅਨੁਸਾਰ ਸਹਾਇਕ ਪ੍ਰੋਫੈਸਰਾਂ ਨੂੰ ਪੀ.ਐਚ.ਡੀ. ਦੀ ਡਿਗਰੀ ਮੁਕੰਮਲ ਕਰਨ ਤੇ 3 ਇੰਨਕਰੀਮੈਂਟਾਂ ਦਾ ਲਾਭ ਦੇਣ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ ਦੀ ਮਿਤੀ 09-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-10-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਕੇਸ ਦਾ ਮੈਰਿਟ ਦੇ ਅਧਾਰ ਤੇ ਫੈਸਲਾ ਕਰਨ ਲਈ ਬੇਨਤੀ ਕੀਤੀ ਸੀ। ਇਸ ਉਪਰੰਤ ਨਿਸਚਿਤ ਅਗਲੀ ਮਿਤੀ 24-10-2019 ਨੂੰ ਵੀ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ।

3. ਪੇਸ਼ੀ ਦੀ ਮਿਤੀ 24-10-2019 ਨੂੰ ਉੱਤਰਦਾਤਾ ਵਲੋਂ ਸ਼੍ਰੀਮਤੀ ਮਨੀਸ਼ਾ, ਸੀਨੀਅਰ ਸਹਾਇਕ ਅਤੇ ਸ਼੍ਰੀਮਤੀ ਜਸਵੰਤ ਕੌਰ ਸੁਪਰਡੰਟ, ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ ਹਾਜ਼ਰ ਹੋਏ, ਪਰ ਸ੍ਰੀ ਗੁਰਦਰਸ਼ਨ ਸਿੰਘ ਬਰਾੜ, ਪੇਸ਼ੀ ਤੇ ਹਾਜ਼ਰ ਨਹੀਂ ਹੋਏ। ਉਨ੍ਹਾਂ ਦੇ ਨੁਮਾਇੰਦਿਆਂ ਵਲੋਂ ਪੱਤਰ ਮੀਮੋ ਨੰ: 20/08-2019 ਸੇਵਾਵਾਂ(7)/3708 ਮਿਤੀ ਸ:ਅ:ਸ:ਨਗਰ: 23-10-2019 ਜੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ ਇਸ ਲਈ ਉਨ੍ਹਾਂ ਨੂੰ ਆਖਰੀ ਮੌਕਾ ਦਿੰਦੇ

ਪਰਤੋ ਜੀ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2035/2019**

ਹੋਏ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ 30-10-2019 ਨੂੰ ਨਿੱਜੀ ਤੌਰ ਤੇ ਪੇਸ਼ ਹੋ ਕੇ ਆਪਣਾ ਸ਼ਪੱਸ਼ਟੀਕਰਣ ਪੇਸ਼ ਕਰਨ।

4. ਅੱਜ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

5. ਉੱਤਰਦਾਤਾ ( ਲੋਕ ਸੂਚਨਾ ਅਧਿਕਾਰੀ) ਡਾ: ਗੁਰਦਰਸ਼ਨ ਸਿੰਘ ਬਰਾੜ ਅਤੇ ਸ਼੍ਰੀਮਤੀ ਮਨੀਸ਼ਾ,ਸੀਨੀਅਰ ਸਹਾਇਕ ਹਾਜ਼ਰ ਹੋਏ।

6. ਦੋਨਾਂ ਧਿਰਾਂ ਨੂੰ ਆਪਣਾ ਆਪਣਾ ਪੱਖ ਪੇਸ਼ ਕਰਨ ਲਈ ਪੂਰਾ ਪੂਰਾ ਮੌਕਾ ਦਿੱਤਾ ਗਿਆ। ਅਪੀਲਕਰਤਾ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ, ਮਿਤੀ 09-10-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਸ ਨੂੰ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਕੇਸ ਦਾ ਮੈਰਿਟ ਦੇ ਅਧਾਰ ਤੇ ਫੈਸਲਾ ਕਰਨ ਲਈ ਬੇਨਤੀ ਕੀਤੀ ਸੀ। ਡਾ: ਗੁਰਦਰਸ਼ਨ ਸਿੰਘ ਬਰਾੜ ਵਲੋਂ ਪਿਛਲੀ ਮਿਤੀ ਤੇ ਹਾਜ਼ਰ ਨਾ ਹੋਣ ਬਾਰੇ ਮਾਫੀ ਮੰਗੀ ਅਤੇ ਦਸਿਆ ਕਿ ਉਨ੍ਹਾਂ ਨੂੰ ਪਿਛਲੀ ਮਿਤੀ ਤੇ ਜ਼ਰੂਰੀ ਦਫਤਰੀ ਕੰਮ ਹੋਣ ਕਾਰਨ ਬਟਾਲਾ ਵਿਖੇ ਜਾਣਾ ਪੈ ਗਿਆ ਸੀ। ਉਹ ਆਰ.ਟੀ.ਆਈ. ਐਕਟ ਦੀ ਪਾਲਣਾ ਕਰਨ ਅਤੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਕਰਨ ਦਾ ਪੂਰਾ ਪਾਬੰਦ ਹੈ। ਕਮਿਸ਼ਨ ਵਲੋਂ ਉਸਦੇ ਬਿਆਨ ਤੇ ਸੰਤੁਸ਼ਟੀ ਜਾਹਿਰ ਕੀਤੀ।ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮੀਮੋ ਨੰ: 73(ਸ)ਸੇ-20/8-2019 ਸੇਵਾਵਾਂ(7)/3515 ਮਿਤੀ 04-10-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਮਿਸਲ ਤੇ ਉਪਲਬਧ ਹੈ ਰਾਹੀਂ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧੀ ਨੁਕਤਾਵਾਰ ਜਾਣਕਾਰੀ ਦੇ ਦਿੱਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਡਾ: ਗੁਰਦਰਸ਼ਨ ਸਿੰਘ ਬਰਾੜ ਵਲੋਂ ਇਹ ਵੀ ਸਪਸ਼ੱਟ ਕੀਤਾ ਗਿਆ ਕਿ ਆਰ.ਟੀ.ਆਈ. ਐਕਟ, 2005 ਅਨੁਸਾਰ ਉਨ੍ਹਾਂ ਦੇ ਅਧਿਕਾਰੀ ਖੇਤਰ ਸਬੰਧੀ ਜ਼ੋ ਸੂਚਨਾ ਬਣਦੀ ਸੀ, ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਪੇਸ਼ੀ ਦੌਰਾਨ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਦਸਤਾਵੇਜ਼ਾਂ ਨੂੰ ਘੋਖਣ ਉਪਰੰਤ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 30 **ਅਕਤੂਬਰ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**